ੴ ਸਤਿਗੁਰ ਪ੍ਰਸਾਦਿ ॥ ਆਸਾ ਘਰੁ ੧੦ ਮਹਲਾ ੫ ॥ ਜਿਸ ਨੋ ਤੂੰ ਅਸਥਿਰੁ ਕਰਿ ਮਾਨਹਿ ਤੇ ਪਾਹੁਨ ਦੋ ਦਾਹਾ ॥ ਪੁਤ੍ਰ ਕਲਤ੍ਰ ਗ੍ਰਿਹ ਸਗਲ ਸਮਗ੍ਰੀ ਸਭ ਮਿਥਿਆ ਅਸਨਾਹਾ ॥੧॥ ਰੇ ਮਨ ਕਿਆ ਕਰਹਿ ਹੈ ਹਾ ਹਾ ॥ ਦ੍ਰਿਸਟਿ ਦੇਖੁ ਜੈਸੇ ਹਰਿਚੰਦਉਰੀ ਇਕੁ ਰਾਮ ਭਜਨੁ ਲੈ ਲਾਹਾ ॥ ੧॥ ਰਹਾਉ ॥ ਜੈਸੇ ਬਸਤਰ ਦੇਹ ਓਢਾਨੇ ਦਿਨ ਦੋਇ ਚਾਰਿ ਭੋਰਾਹਾ ॥ ਭੀਤਿ ਊਪਰੇ ਕੇਤਕੁ ਧਾਈਐ ਅੰਤਿ ਓਰਕੋ ਆਹਾ ॥ ੨॥ ਜੈਸੇ ਅੰਭ ਕੁੰਡ ਕਰਿ ਰਾਖਿਓ ਪਰਤ ਸਿੰਧੁ ਗਲਿ ਜਾਹਾ ॥ ਆਵਗਿ ਆਗਿਆ ਪਾਰਬ੍ਰਹਮ ਕੀ ਉਠਿ ਜਾ ਸੀ ਮੁਹਤ ਚਸਾਹਾ ॥ ੩॥ ਰੇ ਮਨ ਲੇਖੈ ਚਾਲਹਿ ਲੇਖੈ ਬੈਸਹਿ ਲੇਖੈ ਲੈਦਾ ਸਾਹਾ ॥ ਸਦਾ ਕੀਰਤਿ ਕਰਿ ਨਾਨਕ ਹਰਿ ਕੀ ਉਬਰੇ ਸਤਿਗੁਰ ਚਰਣ ਓਟਾਹਾ ॥ ੪॥੧॥੧੨੩॥

{ਪੰਨਾ 402}

ਪਦਅਰਥ:- ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਅਸਥਿਰੁ—{iÔQr} ਸਦਾ ਕਾਇਮ ਰਹਿਣ ਵਾਲਾ। ਮਾਨਹਿ—ਤੂੰ ਮੰਨਦਾ ਹੈਂ। ਤੇ—ਉਹ ਸਾਰੇ। ਪਾਹੁਨ—ਪ੍ਰਾਹੁਣੇ। ਦਾਹਾ—ਦਿਨ। ਕਲਤ੍ਰ—ਇਸਤ੍ਰੀ। ਸਗਲ ਸਮਗ੍ਰੀ—ਸਾਰਾ ਸਾਮਾਨ। ਮਿਥਿਆ—ਝੂਠਾ। ਅਸਨਾਹਾ—ਅਸਨੇਹ, ਪਿਆਰ।1।

ਹੈ ਹਾ ਹਾ—ਆਹਾ, ਆਹਾ। ਦ੍ਰਿਸਟਿ—ਧਿਆਨ ਨਾਲ। ਹਰਿ ਚੰਦਉਰੀ—ਹਰੀ-ਚੰਦ-ਪੁਰੀ, ਹਰਿਚੰਦ ਦੀ ਨਗਰੀ, ਗੰਧਰਬ ਨਗਰੀ, ਠੱਗ-ਨਗਰੀ, ਧੂੰਏਂ ਦਾ ਪਹਾੜ। ਲਾਹਾ—ਲਾਭ।1। ਰਹਾਉ।

ਬਸਤਰ—ਕੱਪੜੇ। ਓਢਾਨੇ—ਪਹਿਨੇ ਹੋਏ। ਭੋਰਾਹਾ—ਭੁਰ ਜਾਂਦੇ ਹਨ। ਭੀਤਿ—ਕੰਧ। ਊਪਰੇ—ਉੱਤੇ। ਕੇਤਕੁ—ਕਿਤਨਾ ਕੁ। ਧਾਈਐ—ਦੌੜ ਸਕੀਦਾ ਹੈ। ਅੰਤਿ—ਆਖ਼ਿਰ। ਓਰਕੋ—ਓਰਕੁ, ਓੜਕੁ, ਅਖ਼ੀਰਲਾ ਸਿਰਾ। ਆਹਾ—ਆ ਜਾਂਦਾ ਹੈ।2।

ਅੰਭ—{AËBs`} ਪਾਣੀ। ਕੁੰਡ—ਹੌਜ਼। ਪਰਤ—ਪੈਂਦਾ ਹੀ। ਸਿੰਧੁ—ਲੂਣ। ਆਵਗਿ—ਆਵੇਗੀ। ਜਾਸੀ—ਚਲਾ ਜਾਇਗਾ। ਮੁਹਤ—ਮਹੂਰਤ, ਦੋ ਘੜੀਆਂ। ਚਸਾ—ਪਲ ਦਾ ਤੀਜਾ ਹਿੱਸਾ।3।

ਲੇਖੈ—ਲੇਖੇ ਵਿਚ, ਗਿਣੇ-ਮਿਥੇ ਸੁਆਸਾਂ ਦੇ ਅੰਦਰ ਹੀ। ਚਾਲਹਿ—ਤੂੰ ਚੱਲਦਾ ਹੈਂ। ਕੀਰਤਿ—ਸਿਫ਼ਤਿ-ਸਾਲਾਹ। ਉਬਰੇ—ਬਚ ਗਏ। ਓਟਾਹਾ—ਆਸਰਾ।4।

ਅਰਥ:- ਹੇ ਮੇਰੇ ਮਨ! (ਮਾਇਆ ਦਾ ਪਸਾਰਾ ਵੇਖ ਕੇ ਕੀਹ ਖ਼ੁਸ਼ੀਆਂ ਮਨਾ ਰਿਹਾ ਹੈਂ ਤੇ) ਕੀਹ ਆਹਾ ਆਹਾ ਕਰਦਾ ਹੈਂ? ਧਿਆਨ ਨਾਲ ਵੇਖ, ਇਹ ਸਾਰਾ ਪਸਾਰਾ ਧੂੰਏਂ ਦੇ ਪਹਾੜ ਵਾਂਗ ਹੈ। ਪਰਮਾਤਮਾ ਦਾ ਭਜਨ ਕਰਿਆ ਕਰ, ਸਿਰਫ਼ ਇਹੀ (ਮਨੁੱਖਾ ਜੀਵਨ ਵਿਚ) ਲਾਭ (ਖੱਟਿਆ ਜਾ ਸਕਦਾ ਹੈ)।1। ਰਹਾਉ।

ਹੇ ਮਨ! ਜਿਸ ਪੁੱਤਰ ਨੂੰ ਜਿਸ ਇਸਤ੍ਰੀ ਨੂੰ ਜਿਸ ਘਰੋਗੇ ਸਾਮਾਨ ਨੂੰ ਤੂੰ ਸਦਾ ਕਾਇਮ ਰਹਿਣ ਵਾਲਾ ਮੰਨੀ ਬੈਠਾ ਹੈਂ, ਇਹ ਸਾਰੇ ਤਾਂ ਦੋ ਦਿਨਾਂ ਦੇ ਪ੍ਰਾਹੁਣੇ ਹਨ। ਪੁੱਤਰ, ਇਸਤ੍ਰੀ, ਘਰ ਦਾ ਸਾਰਾ ਸਾਮਾਨ—ਇਹਨਾਂ ਨਾਲ ਮੋਹ ਸਾਰਾ ਝੂਠਾ ਹੈ।1।

ਹੇ ਮਨ! (ਇਹ ਜਗਤ-ਪਸਾਰਾ ਇਉਂ ਹੀ ਹੈ) ਜਿਵੇਂ ਸਰੀਰ ਉਤੇ ਪਹਿਨੇ ਹੋਏ ਕੱਪੜੇ ਦੋ ਚਾਰ ਦਿਨਾਂ ਵਿਚ ਪੁਰਾਣੇ ਹੋ ਜਾਂਦੇ ਹਨ। ਹੇ ਮਨ! ਕੰਧ ਉਤੇ ਕਿਥੋਂ ਤਕ ਦੌੜ ਸਕੀਦਾ ਹੈ? ਆਖ਼ਰ ਉਸ ਦਾ ਅਖ਼ੀਰਲਾ ਸਿਰਾ ਆ ਹੀ ਜਾਂਦਾ ਹੈ (ਜ਼ਿੰਦਗੀ ਦੇ ਗਿਣੇ-ਮਿਥੇ ਸੁਆਸ ਜ਼ਰੂਰ ਮੁੱਕ ਹੀ ਜਾਂਦੇ ਹਨ)।2।

ਹੇ ਮਨ! (ਇਹ ਉਮਰ ਇਉਂ ਹੀ ਹੈ) ਜਿਵੇਂ ਪਾਣੀ ਦਾ ਹੌਜ਼ਾ ਬਣਾ ਰੱਖਿਆ ਹੋਵੇ, ਤੇ ਲੂਣ ਉਸ ਵਿਚ ਪੈਂਦਿਆਂ ਹੀ ਗਲ ਜਾਂਦਾ ਹੈ। ਹੇ ਮਨ! ਜਦੋਂ (ਜਿਸ ਨੂੰ) ਪਰਮਾਤਮਾ ਦਾ ਹੁਕਮ (ਸੱਦਾ) ਆਵੇਗਾ, ਉਹ ਉਸੇ ਵੇਲੇ ਉਠ ਕੇ ਤੁਰ

ਪਏਗਾ।3।

ਹੇ ਮੇਰੇ ਮਨ! ਤੂੰ ਆਪਣੇ ਗਿਣੇ-ਮਿਥੇ ਮਿਲੇ ਸੁਆਸਾਂ ਦੇ ਅੰਦਰ ਹੀ ਜਗਤ ਵਿਚ ਤੁਰਿਆ ਫਿਰਦਾ ਹੈਂ ਤੇ ਬੈਠਦਾ ਹੈਂ (ਗਿਣੇ-ਮਿਥੇ) ਲੇਖੇ ਅਨੁਸਾਰ ਹੀ ਤੂੰ ਸਾਹ ਲੈਂਦਾ ਹੈਂ, (ਇਹ ਆਖ਼ਰ ਮੁੱਕ ਜਾਣੇ ਹਨ)।

ਹੇ ਨਾਨਕ! ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹੁ। ਜੇਹੜੇ ਮਨੁੱਖ ਗੁਰੂ ਦੇ ਚਰਨਾਂ ਦਾ ਆਸਰਾ ਲੈਂਦੇ ਹਨ (ਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ) ਉਹ (ਮਾਇਆ ਦੇ ਮੋਹ ਵਿਚ ਫਸਣੋਂ) ਬਚ ਜਾਂਦੇ ਹਨ।4।1। 123।